# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 30-01-2025**

ਰਾਸ਼ਟਰ ਅੱਜ ਮਹਾਤਮਾ ਗਾਂਧੀ ਨੂੰ ਉਨ੍ਹਾਂ ਦੀ 77ਵੀਂ ਬਰਸੀ ਅਤੇ ਸ਼ਹੀਦ ਦਿਵਸ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ । ਇਸ ਮੌਕੇ ਅੱਜ ਸਵੇਰੇ ਨਵੀਂ ਦਿੱਲੀ ਸਥਿਤ ਗਾਂਧੀ ਸਮਾਧੀ ਰਾਜਘਾਟ ਵਿਖੇ ਸਰਬ ਧਰਮ ਪ੍ਰਾਰਥਨਾ ਕੀਤੀ ਗਈ। ਰਾਸ਼ਟਰਪਤੀ ਦ੍ਰੌਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ , ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਮਹਾਤਮਾ ਗਾਂਧੀ ਦੀ ਸਮਾਧੀ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਰੱਖਿਆ ਮੰਤਰੀ ਰਾਜਨਾਥ ਸਿੰਘ, ਚੀਫ਼ ਆਫ਼ ਡਿਫੈਂਸ ਸਟਾਫ ਅਤੇ ਤਿੰਨਾਂ ਸੈਨਾਵਾਂ ਦੇ ਮੁਖੀ ਵੀ ਮੌਜੂਦ ਰਹੇ । ਹਰ ਸਾਲ 30 ਜਨਵਰੀ ਨੂੰ ਰਾਸ਼ਟਰ, ਮਹਾਤਮਾ ਗਾਂਧੀ ਦੇ ਜੀਵਨ ਅਤੇ ਵਿਰਾਸਤ ਨੂੰ, ਸੁਤੰਤਰਤਾ ਸੰਗਰਾਮ ਦੇ ਮਾਰਗ ਦਰਸ਼ਕ

ਦੇ ਰੂਪ ਵਿੱਚ ਯਾਦ ਕਰਦਾ ਏ । ਇਸ ਦਿਨ ਨੂੰ 'ਸ਼ਹੀਦ ਦਿਵਸ' ਵਜੋਂ ਵੀ ਮਨਾਇਆ ਜਾਂਦਾ ਏ ।

--------------------------------------------------------------------

ਓਧਰ ਬਠਿੰਡਾ ਵਿਚ ਦੇਸ਼ ਦੇ ਸੁਤੰਤਰਤਾ ਸੰਗਰਾਮ ਦੌਰਾਨ ਆਪਣੀਆਂ ਜਾਨਾਂ ਵਾਰਨ ਵਾਲੇ ਮਹਾਨ ਸ਼ਹੀਦਾਂ, ਆਜ਼ਾਦੀ ਘੁਲਾਟੀਆਂ ਅਤੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੇ ਬਲੀਦਾਨ ਦਿਵਸ ਨੂੰ ਸਮਰਪਿਤ ਸ਼ਰਧਾਂਜਲੀ ਸਮਾਗਮ ਵਿਚ  ਸਿਵਲ ਤੇ ਪੁਲਿਸ ਪ੍ਰਸ਼ਾਸਨ ਵਲੋਂ, ਦੋ ਮਿੰਟ ਦਾ ਮੌਨ ਰੱਖ ਕੇ ਮਹਾਨ ਸ਼ਹੀਦਾਂ ਨੂੰ ਯਾਦ ਕੀਤਾ ਗਿਆ। ਇਸ ਦੌਰਾਨ ਭਾਰਤ ਦੇ ਸ਼ਹੀਦਾਂ ਨੂੰ ਯਾਦ ਕਰਦਿਆਂ ਅਤੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੇ ਬਲੀਦਾਨ ਦਿਵਸ ਮੌਕੇ ਸੱਚ ਅਤੇ ਅਹਿੰਸਾ ਦੇ ਵਿਚਾਰਾਂ ਨੂੰ ਆਪਣੇ ਜੀਵਨ ਵਿੱਚ ਅਪਨਾਉਣ ਦਾ ਸੱਦਾ ਦਿੱਤਾ ਗਿਆ।  ਇਸ ਦੌਰਾਨ ਪੰਜਾਬ ਪੁਲਿਸ ਦੇ ਜਵਾਨਾਂ ਦੀ ਟੁਕੜੀ ਵਲੋਂ ਸਲਾਮੀ ਦਿੱਤੀ  ।

--------------------------------------------------------------------

ਸੰਸਦ ਦੇ ਬਜਟ ਇਜਲਾਸ ਤੋਂ ਪਹਿਲਾਂ ਅੱਜ ਨਵੀਂ ਦਿੱਲੀ ਵਿੱਚ ਸਰਬ

ਪਾਰਟੀ ਮੀਟਿੰਗ ਹੋ ਰਹੀ ਏ। ਮੀਟਿੰਗ ਵਿੱਚ ਰੱਖਿਆ ਮੰਤਰੀ ਰਾਜਨਾਥ ਸਿੰਘ, ਸਿਹਤ ਮੰਤਰੀ ਜੇ ਪੀ ਨੱਡਾ, ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜਿਜੂ, ਕਾਂਗਰਸ ਦੇ ਸੰਸਦ ਮੈਂਬਰ ਜੈਰਾਮ ਰਮੇਸ਼ ਅਤੇ ਗੌਰਵ ਗੋਗੋਈ, ਤ੍ਰਿਣਮੂਲ ਕਾਂਗਰਸ ਦੇ ਸੰਸਦ ਮੈਂਬਰ ਸੁਦੀਪ ਬੰਦੋਪਾਧਿਆਏ, ਸਮਾਜਵਾਦੀ ਪਾਰਟੀ ਦੇ ਸੰਸਦ ਮੈਂਬਰ ਰਾਮਗੋਪਾਲ ਯਾਦਵ, ਅਤੇ DMK ਦੇ ਸੰਸਦ ਮੈਂਬਰ TR ਬਾਲੂ ਸ਼ਾਮਲ ਨੇ। ਮੀਟਿੰਗ ਦੌਰਾਨ ਸਰਕਾਰ, ਸਾਰੀਆਂ ਸਿਆਸੀ ਪਾਰਟੀਆਂ ਨੂੰ ਸੰਸਦ ਇਜਲਾਸ ਦੇ ਸੁਚਾਰੂ ਕੰਮਕਾਜ ਨੂੰ ਯਕੀਨੀ ਬਣਾਉਣ ਲਈ ਸਹਿਯੋਗ ਕਰਨ ਲਈ ਕਹੇਗੀ।

------------------------------------------------------------

ਉੱਤਰ ਪ੍ਰਦੇਸ਼ ਦੇ ਮੁੱਖ ਸਕੱਤਰ ਅਤੇ ਪੁਲਿਸ ਡਾਇਰੈਕਟਰ ਜਨਰਲ, ਸੰਗਮ ਘਾਟ 'ਤੇ ਕੱਲ੍ਹ ਹੋਈ ਭਗਦੜ ਦੀ ਘਟਨਾ ਤੋਂ ਬਾਅਦ, ਮਹਾਕੁੰਭ ਦੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਅੱਜ ਪ੍ਰਯਾਗਰਾਜ ਜਾ ਰਹੇ ਨੇ। ਇਸ ਘਟਨਾ ਵਿਚ 30 ਸ਼ਰਧਾਲੂਆਂ ਦੀ ਮੌਤ ਹੋ ਗਈ ਸੀ ਅਤੇ 60 ਹੋਰ ਜ਼ਖਮੀ ਹੋ ਗਏ ਸਨ। ਜ਼ਖਮੀ ਸ਼ਰਧਾਲੂ ਇਸ ਸਮੇਂ ਸਥਾਨਕ

ਮੈਡੀਕਲ ਕਾਲਜ 'ਚ ਜ਼ੇਰੇ ਇਲਾਜ ਨੇ। ਸਾਡੇ ਪੱਤਰਕਾਰ ਨੇ ਦੱਸਿਆ ਕਿ ਮੇਲੇ ਵਾਲੇ ਖੇਤਰ ਵਿੱਚ ਸੁਰੱਖਿਆ ਵਧਾ ਦਿੱਤੀ ਗਈ ਏ।

-------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਦੋ ਵੱਖ-ਵੱਖ ਕਾਰਵਾਈਆਂ ਦੌਰਾਨ ਇੱਕ ਸਹਾਇਕ ਸਬ ਇੰਸਪੈਕਟਰ ਪ੍ਰਸ਼ੋਤਮ ਲਾਲ ਅਤੇ ਇੱਕ ਸੇਵਾਮੁਕਤ ਹੈੱਡ ਕਾਂਸਟੇਬਲ ਬਲਵਿੰਦਰ ਸਿੰਘ ਨੂੰ ਰਿਸ਼ਵਤ ਲੈਣ ਦੇ ਦੋਸ਼ ਵਿੱਚ ਕਾਬੂ ਕੀਤਾ ਏ।ਸ਼ਹੀਦ ਭਗਤ ਸਿੰਘ ਨਗਰ ਵਿਖੇ ਤਾਇਨਾਤ ਏ.ਐਸ.ਆਈ. ਨੂੰ ਇੱਕ ਵਿਅਕਤੀ ਅਤੇ ਉਸਦੇ ਪੁੱਤਰਾਂ ਖਿਲਾਫ ਦਰਜ ਹੋਏ ਮਾਮਲੇ ਵਿੱਚ ਉਸਦੀ ਦੀ ਮਦਦ ਕਰਨ ਬਦਲੇ ਕਥਿਤ ਤੌਰ 'ਤੇ 15 ਹਜ਼ਾਰ ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਗਿਆ ਏ। ਇਸ ਮਾਮਲੇ 'ਚ ਗ੍ਰਿਫਤਾਰੀ ਤੋਂ ਬਚ ਕੇ ਉਹ ਪਿਛਲੇ 4 ਮਹੀਨਿਆਂ ਤੋਂ ਫਰਾਰ ਸੀ। ਇਸੇ ਤਰ੍ਹਾਂ ਵਿਜੀਲੈਂਸ ਬਿਊਰੋ ਲੁਧਿਆਣਾ ਵੱਲੋਂ, ਹੈੱਡ ਕਾਂਸਟੇਬਲ ਨੂੰ, ਇਕ ਵਿਅਕਤੀ ਦੀ ਜ਼ਬਤ ਕੀਤੀ ਕਾਰ ਥਾਣੇ ਤੋਂ ਛੁਡਵਾਉਣ ਬਦਲੇ 10 ਹਜ਼ਾਰ ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ। ਤਫ਼ਤੀਸ਼ ਦੌਰਾਨ ਇਹ ਗੱਲ ਸਾਹਮਣੇ ਆਈ ਕਿ

ਮੁਲਜ਼ਮ, ਪਹਿਲਾਂ ਹੀ ਪੰਜਾਬ ਹਥਿਆਰਬੰਦ  ਪੁਲਿਸ ਤੋਂ ਸੇਵਾਮੁਕਤ ਹੋ ਚੁੱਕਾ ਏ,  ਪਰ ਬਿਨਾਂ ਕਿਸੇ ਵਿਭਾਗੀ ਹੁਕਮਾਂ ਦੇ ਮਾਛੀਵਾੜਾ ਦੇ ਐਸ.ਐਚ.ਓ ਵੱਲੋਂ ਗੈਰ-ਕਾਨੂੰਨੀ ਤੌਰ 'ਤੇ ਥਾਣੇ ਵਿੱਚ ਤਾਇਨਾਤ ਸੀ। ਸਬੰਧਤ ਐਸ.ਐਚ.ਓ. ਅਤੇ ਮੁੱਖ ਮੁਨਸ਼ੀ ਦੀ ਭੂਮਿਕਾ ਦੀ ਜਾਂਚ ਕੀਤੀ ਜਾ ਰਹੀ ਏ।

---------------------------------------------------------------

GRP ਪੁਲੀਸ ਨੇ ਪਠਾਨਕੋਟ ਕੈਂਟ ਰੇਲਵੇ ਸਟੇਸ਼ਨ 'ਤੇ ਇੱਕ ਵਿਅਕਤੀ ਨੂੰ, ਇਕ ਪਿਸਤੌਲ ਅਤੇ 6 ਜ਼ਿੰਦਾ ਕਾਰਤੂਸਾਂ ਸਮੇਤ  ਗ੍ਰਿਫ਼ਤਾਰ ਕੀਤਾ ਏ । ਰੇਲਵੇ ਦੇ ਸਟੇਸ਼ਨ ਇੰਚਾਰਜ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਮੁਲਜ਼ਮ  ਦਿੱਲੀ ਦਾ ਰਹਿਣ ਵਾਲਾ ਵਾਲਾ ਏ  । ਚੈਕਿੰਗ ਦੌਰਾਨ ਉਸਦੇ ਬੈਗ  ਵਿੱਚੋਂ  ਇੱਕ ਪਿਸਤੌਲ ਅਤੇ 6 ਜ਼ਿੰਦਾ ਕਾਰਤੂਸ ਬਰਾਮਦ ਹੋਏ  । ਫਿਲਹਾਲ, ਉਸ ਤੋਂ ਪੁੱਛਗਿੱਛ ਕੀਤੀ ਜਾ ਰਹੀ ਏ।

---------------------------------------------------------------

ਪੰਜਾਬ ਹਰਿਆਣਾ ਹਾਈਕੋਰਟ ਵੱਲੋਂ ਸ਼ੋਰ ਪ੍ਰਦੂਸ਼ਣ ਦੀ ਰੋਕਥਾਮ ਸਬੰਧੀ ਜਾਰੀ ਹਦਾਇਤਾਂ ਨੂੰ ਮੁੱਖ ਰੱਖਦਿਆਂ ਜਲੰਧਰ ਦੇ ਜ਼ਿਲ੍ਹਾ ਮੈਜਿਸਟ੍ਰੇਟ

ਡਾ. ਹਿਮਾਂਸ਼ੂ ਅਗਰਵਾਲ ਨੇ ਹੁਕਮ ਜਾਰੀ ਕੀਤੇ ਨੇ ਕਿ ਮੈਰਿਜ ਪੈਲੇਸਾਂ, ਜਨਤਕ ਅਤੇ ਧਾਰਮਿਕ ਸਥਾਨਾਂ ’ਤੇ ਲਾਊਡ ਸਪੀਕਰ ਦੀ ਆਵਾਜ਼ 10 ਡੈਸੀਬਲ ਤੋਂ ਘੱਟ ਹੋਣੀ ਚਾਹੀਦੀ ਏ । ਇਸ ਹੁਕਮ ਆਵਾਜ਼ ਪ੍ਰਦੂਸ਼ਣ (ਰੈਗੂਲੇਸ਼ਨ ਅਤੇ ਕੰਟਰੋਲ) ਨਿਯਮ, 2000 ਅਤੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਜਾਰੀ ਕੀਤੇ ਗਏ ਨੇ । ਇਸ ਦੇ ਨਾਲ ਹੀ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਬੱਸਾਂ, ਕਾਰਾਂ, ਮੋਟਰਸਾਈਕਲਾਂ ਅਤੇ ਹਰ ਪ੍ਰਕਾਰ ਦੇ ਵਾਹਨਾਂ ’ਤੇ ਪ੍ਰੈਸ਼ਰ ਹਾਰਨਾਂ ’ਤੇ ਪੂਰਨ ਤੌਰ ’ਤੇ ਪਾਬੰਦੀ ਲਗਾਈ ਗਈ ਏ । ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਏ ਲਾਊਡ ਸਪੀਕਰਾਂ ਵਰਤੋਂ ਕਰਨ ਤੋਂ ਪਹਿਲਾਂ ਇਸ ਦੀ ਪੂਰਵ ਪ੍ਰਵਾਨਗੀ ਲੈਣੀ ਲਾਜ਼ਮੀ ਹੋਵੇਗੀ ਅਤੇ ਦੀ ਵਰਤੋਂ ਕਰਨ ਦਾ ਸਮਾਂ ਸਵੇਰੇ 6 ਵਜੇ ਤੋਂ ਰਾਤ 10 ਵਜੇ ਤੱਕ ਹੋਵੇਗਾ। ਇਹ ਹੁਕਮ 28 ਮਾਰਚ ਤੱਕ ਲਾਗੂ ਰਹੇਗਾ ।

---------------------------------------------------------------

ਕੇਂਦਰੀ ਸਿਵਲ ਸੇਵਾਵਾਂ ਸਭਿਆਚਾਰਕ ਬੋਰਡ ਵੱਲੋਂ ਆਲ ਇੰਡੀਆ ਸਰਵਿਸਜ਼ ਹਾਕੀ, ਕੁਸ਼ਤੀ ਤੇ ਵਾਲੀਬਾਲ ਟੂਰਨਾਮੈਂਟ 14 ਤੋਂ 28

ਫਰਵਰੀ ਤੱਕ ਵੱਖ-ਵੱਖ ਤਰੀਕਾਂ ਨੂੰ ਵੱਖ-ਵੱਖ ਥਾਵਾਂ ਵਿਖੇ ਕਰਵਾਇਆ ਜਾ ਰਿਹਾ ਏ ।ਪੰਜਾਬ ਦੀਆਂ ਟੀਮਾਂ ਲਈ ਟਰਾਇਲ 3 ਫਰਵਰੀ ਨੂੰ ਸੁਰਜੀਤ ਹਾਕੀ ਸਟੇਡੀਅਮ ਜਲੰਧਰ, ਕੁਸ਼ਤੀ ਦੇ ਟਰਾਇਲ ਨਹਿਰੂ ਸਟੇਡੀਅਮ ਫ਼ਰੀਦਕੋਟ ਤੇ ਵਾਲੀਬਾਲ ਟੀਮਾਂ ਦੀ ਚੋਣ ਲਈ ਟਰਾਇਲ ਮਲਟੀਪਰਪਜ਼ ਖੇਡ ਸਟੇਡੀਅਮ ਮੁਹਾਲੀ ਵਿਖੇ ਹੋਣਗੇ। ਖੇਡ ਵਿਭਾਗ ਦੇ ਬੁਲਾਰੇ ਨੇ ਦੱਸਿਆ ਕਿ ਇਨ੍ਹਾਂ ਟਰਾਇਲਾਂ ਵਿੱਚ ਵੱਖ-ਵੱਖ ਵਿਭਾਗਾਂ ਦੇ ਸਰਕਾਰੀ ਮੁਲਾਜ਼ਮ ਆਪਣੇ ਵਿਭਾਗਾਂ ਪਾਸੋਂ ਐਨ.ਓ.ਸੀ. ਪ੍ਰਾਪਤ ਕਰਨ ਮਗਰੋਂ ਹਿੱਸਾ ਲੈ ਸਕਦੇ ਹਨ। ਇਸ ਟੂਰਨਾਮੈਂਟ ਵਿੱਚ ਆਉਣ,ਜਾਣ, ਰਹਿਣ ਅਤੇ ਖਾਣ-ਪੀਣ ਤੇ ਆਉਣ ਵਾਲੇ ਖਰਚੇ ਦੀ ਅਦਾਇਗੀ ਖਿਡਾਰੀ ਵੱਲੋਂ ਨਿੱਜੀ ਤੌਰ ਉਤੇ ਕੀਤੀ ਜਾਵੇਗੀ।